# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 29 ਸਤੰਬਰ 2026 ਦਿਨ ਮੰਗਲਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਖੇਡਾਂ ਵਤਨ ਪੰਜਾਬ ਦੀਆਂ-2026: ਜ਼ਿਲ੍ਹਾ ਪੱਧਰੀ ਖੇਡਾਂ ਦੇ ਤੀਜੇ ਦਿਨ ਖਿਡਾਰੀਆਂ ਨੇ ਦਿਖਾਇਆ ਸ਼ਾਨਦਾਰ ਪ੍ਰਦਰਸ਼ਨ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 29 ਸਤੰਬਰ : ਖੇਡ ਵਿਭਾਗ ਪਟਿਆਲਾ ਵੱਲੋਂ ਮਿਤੀ 29-9-26 ਨੂੰ ਤੀਜੇ ਦਿਨ ਦੀਆਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਗਈਆਂ।

ਜਿਲ੍ਹਾ ਪੱਧਰੀ ਖੇਡਾਂ ਦੇ ਤੀਸਰੇ ਦਿਨ ਐਥਲੈਟਿਕਸ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ, ਹੈਂਡਬਾਲ, ਗੱਤਕਾ, ਬੈਡਮਿੰਟਨ, ਲਾਅਨ ਟੈਨਿਸ, ਟੇਬਲ ਟੈਨਿਸ, ਤੈਰਾਕੀ, ਰੋਲਰ ਸਕੇਟਿੰਗ, ਵੇਟਲਿਫਟਿੰਗ, ਆਰਚਰੀ, ਕਿੱਕ ਬਾਕਸਿੰਗ ਅਤੇ ਟੈਨਿਸ ਬਾਲ ਕ੍ਰਿਕਟ ਖੇਡਾਂ ਵੱਖ-ਵੱਖ ਉਮਰ ਵਰਗ ਅਤੇ ਵੱਖ-ਵੱਖ ਸਥਾਨਾਂ ਤੇ ਕਰਵਾਈਆਂ ਗਈਆਂ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਸ. ਜਸਵੀਰ ਸਿੰਘ ਜੱਸੀ ਸੋਹੀਆਂਵਾਲਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਨਾਭਾ ਵਲੋਂ ਸ਼ਿਰਕਤ ਕੀਤੀ ਗਈ।

ਗੇਮ ਵੇਟਲਿਫਟਿੰਗ ਉਮਰ ਵਰਗ ਅੰਡਰ-17 ਲੜਕਿਆਂ ਵਿੱਚ ਭਾਰ ਵਰਗ 55 ਕਿ.ਗ ਸ਼ਗਨਦੀਪ ਸਿੰਘ ਨੇ ਪਹਿਲਾ, ਅਨੁਜ ਨੇ ਦੂਸਰਾ ਅਤੇ ਸਮਰਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 60 ਕਿ.ਗ ਵਿੱਚ ਸ਼ੁਭਮ ਨੇ ਪਹਿਲਾ ਨਿਤਿਨ ਵਰਮਾ ਨੇ ਦੂਸਰਾ ਅਤੇ ਆਰਚਿਤ ਸ਼ਰਮਾ ਨੇ ਤੀਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 65 ਕਿ.ਗ ਵਿੱਚ ਨਿਤਿਲ ਕੁਮਾਰ ਨੇ ਪਹਿਲਾ ਅਤੇ ਮਾਨ ਰਾਏ ਨੇ ਦੂਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 70 ਕਿ.ਗ ਵਿੱਚ ਵਿਵੇਕ ਨੇ ਪਹਿਲਾ ਅਤੇ ਅਕਾਸ਼ ਨੇ ਦੂਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 75 ਕਿ.ਗ ਵਿੱਚ ਮਾਨਵ ਨੇ ਪਹਿਲਾ ਸਥਾਨ, ਭਾਰ ਵਰਗ 85 ਕਿ.ਗ ਵਿੱਚ ਅਭਿਜੋਤ ਨੇ ਪਹਿਲਾ ਸਥਾਨ ਅਤੇ ਭਾਰ ਵਰਗ 95 ਕਿ.ਗ ਵਿੱਚ ਹਿਮਾਂਗ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। +95 ਕਿ.ਗ ਵਿੱਚ ਅਜੈਬੀਰ ਸਿੰਘ ਨੇ ਪਹਿਲਾ ਸਥਾਨ ਅਤੇ ਅੰਮ੍ਰਿਤ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ।

ਟੇਬਲ ਟੈਨਿਸ ਗੇਮ ਵਿੱਚ ਅਭੀਜੀਤ ਸਿੰਘ ਨੇ ਪਹਿਲਾ ਸਥਾਨ, ਤਸ਼ਾਂਤ ਨੇ ਦੂਸਰਾ ਸਥਾਨ, ਸਤਪ੍ਰੀਤ ਸਿੰਘ ਅਤੇ ਸਕਸ਼ ਨਰੂਲਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਗੇਮ ਰੋਲਰ ਸਕੇਟਿੰਗ ਰੋਡ ਰੇਸ ਇਨਲਾਈਨ ਅੰਡਰ-14 ਲੜਕਿਆਂ ਵਿੱਚ ਜਸਕਰਨ ਸਿੰਘ ਨੇ ਪਹਿਲਾ ਸਥਾਨ, ਏਕਜੋਤ ਸਿੰਘ ਨੇ ਦੂਸਰਾ ਸਥਾਨ, ਅਸ਼ਵਿਕ ਕਾਂਸਲ ਨੇ ਤੀਸਰਾ ਸਥਾਨ ਅਤੇ ਅਰਜੁਨ ਸੂਦ ਨੇ ਚੌਥਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਵਿੱਚ ਕਰਨਵੀਰ ਸਿੰਘ ਨੇ ਪਹਿਲਾ ਅਤੇ ਸ਼ਿਵਾਂਸ ਪਾਂਡੇ ਨੇ ਦੂਸਰਾ ਸਥਾਨ ਹਾਸਲ ਕੀਤਾ। ਅੰਡਰ-21 ਵਿੱਚ ਅਰਮਾਨ ਭੱਲਾ ਨੇ ਪਹਿਲਾ ਸਥਾਨ ਹਾਸਲ ਕੀਤਾ।

ਕਬੱਡੀ ਸਰਕਲ ਸਟਾਇਲ ਉਮਰ ਵਰਗ 21-30 ਲੜਕੀਆਂ ਵਿੱਚ ਭੁਨਰਹੇੜੀ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਵਿੱਚ ਪਾਤੜਾਂ ਏ ਟੀਮ ਨੇ ਪਹਿਲਾ ਸਥਾਨ, ਸਮਾਣਾ ਏ ਟੀਮ ਨੇ ਦੂਸਰਾ ਸਥਾਨ ਅਤੇ ਪਟਿਆਲਾ ਸ਼ਹਿਰੀ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।

ਵਾਲੀਬਾਲ ਸ਼ੂਟਿੰਗ ਉਮਰ ਵਰਗ ਅੰਡਰ-21 ਲੜਕਿਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਸਮਾਣਾ ਦੀ ਟੀਮ ਨੇ ਦੂਸਰਾ ਸਥਾਨ, ਨਾਭਾ ਦੀ ਟੀਮ ਨੇ ਤੀਸਰਾ ਸਥਾਨ ਅਤੇ ਘਨੌਰ ਦੀ ਟੀਮ ਨੇ ਚੌਥਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਹਾਸਲ ਕੀਤੀ।

ਐਥਲੈਟਿਕਸ ਉਮਰ ਵਰਗ ਅੰਡਰ-21 ਹਰਡਲ 100 ਮੀਟਰ ਵਿੱਚ ਹਰਗੁਨਦੀਪ ਕੌਰ ਨੇ ਪਹਿਲਾ, ਗੁਰਪ੍ਰੀਤ ਕੌਰ ਨੇ ਦੂਸਰਾ ਅਤੇ ਅਰਸ਼ਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਲੜਕੇ 31-40 ਈਵੈਂਟ 200 ਮੀਟਰ ਵਿੱਚ ਅਮਨਜੋਤ ਸਿੰਘ ਨੇ ਪਹਿਲਾ, ਗੁਰਜਸਪਾਲ ਨੇ ਦੂਸਰਾ ਅਤੇ ਇੰਦਰਜੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ।

## ਮਿਸ਼ਨ ਸਵਸਥ ਕਵਚ ਦੇ ਦੂਜੇ ਪੜਾਅ ਤਹਿਤ ਅਕਤੂਬਰ ਬਣੇਗਾ ਦਿਲ ਦੀ ਸਿਹਤ ਜਾਗਰੂਕਤਾ ਮਹੀਨਾ

### *ਦਿਲ ਦੀ ਸਿਹਤ ਪ੍ਰਤੀ ਜਾਗਰੂਕਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਡੀ.ਐਮ.ਸੀ.ਐਂਡ.ਐਚ. ਵੱਲੋਂ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਜਾਵੇਗੀ*

### *ਵਿਦਿਆਰਥੀ ਬਣਨਗੇ ਦਿਲ ਦੀ ਸਿਹਤ ਜਾਗਰੂਕਤਾ ਦੇ ਦੂਤ—ਬੀ.ਪੀ. ਜਾਂਚ ਅਤੇ ਸੀ.ਪੀ.ਆਰ. ਸਿੱਖਣ ਲਈ ਕੀਤਾ ਪ੍ਰੇਰਿਤ*

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ, 29 ਸਤੰਬਰ,: ਹਰ ਦਿਲ ਮਾਇਨੇ ਰੱਖਦਾ ਹੈ ਅਤੇ ਦਿਲ ਦੀ ਸਿਹਤ ਦੀ ਸੰਭਾਲ ਵੱਲ ਚੁੱਕਿਆ ਹਰ ਛੋਟਾ ਕਦਮ ਮਹੱਤਵਪੂਰਨ ਫ਼ਰਕ ਪਾ ਸਕਦਾ ਹੈ। ਮਿਸ਼ਨ ਸਵਸਥ ਕਵਚ ਦੀ ਸਫਲਤਾ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ (ਡੀ.ਐਮ.ਸੀ.ਐਂਡ.ਐਚ.) ਦੇ ਸਹਿਯੋਗ ਨਾਲ ਇਸ ਭਾਈਚਾਰਕ ਸਿਹਤ ਪਹਿਲਕਦਮੀ ਦਾ ਦੂਜਾ ਪੜਾਅ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਤਹਿਤ ਅਕਤੂਬਰ 2026 ਨੂੰ ਜ਼ਿਲ੍ਹੇ ਭਰ ਵਿੱਚ ਦਿਲ ਦੀ ਸਿਹਤ ਸਬੰਧੀ ਜਾਗਰੂਕਤਾ, ਬਲੱਡ ਪ੍ਰੈਸ਼ਰ (ਬੀ.ਪੀ.) ਦੀ ਨਿਯਮਤ ਜਾਂਚ ਅਤੇ ਸੀ.ਪੀ.ਆਰ. ਵਰਗੇ ਜੀਵਨ ਬਚਾਉਣ ਵਾਲੇ ਹੁਨਰਾਂ ਨੂੰ ਉਤਸ਼ਾਹਿਤ ਕਰਨ ਲਈ ਸਮਰਪਿਤ ਕੀਤਾ ਜਾਵੇਗਾ।




ਸਾਲ 2025 ਵਿੱਚ ਸ਼ੁਰੂ ਕੀਤੇ ਗਏ ਮਿਸ਼ਨ ਸਵਸਥ ਕਵਚ ਦਾ ਉਦੇਸ਼ ਨਾਗਰਿਕਾਂ ਨੂੰ ਆਪਣੀ ਦਿਲ ਦੀ ਸਿਹਤ ਪ੍ਰਤੀ ਜਾਗਰੂਕ ਕਰਨਾ, ਨਿਯਮਤ ਤੌਰ 'ਤੇ ਬਲੱਡ ਪ੍ਰੈਸ਼ਰ ਦੀ ਨਿਗਰਾਨੀ ਕਰਨ ਲਈ ਪ੍ਰੇਰਿਤ ਕਰਨਾ ਅਤੇ ਐਮਰਜੈਂਸੀ ਸਥਿਤੀਆਂ ਵਿੱਚ ਸੀ.ਪੀ.ਆਰ. ਵਰਗੇ ਮੁੱਢਲੇ ਜੀਵਨ ਬਚਾਉਣ ਵਾਲੇ ਹੁਨਰ ਸਿਖਾਉਣਾ ਹੈ। ਇਸ ਪਹਿਲਕਦਮੀ ਤਹਿਤ ਲੁਧਿਆਣਾ ਦੇ 180 ਤੋਂ ਵੱਧ ਸਰਕਾਰੀ ਅਤੇ ਨਿੱਜੀ ਸਕੂਲਾਂ ਨੇ ਭਾਗ ਲਿਆ ਹੈ ਅਤੇ ਵਿਦਿਆਰਥੀਆਂ ਨੂੰ ਬੀ.ਪੀ. ਜਾਂਚ ਅਤੇ ਸੀ.ਪੀ.ਆਰ. ਸਬੰਧੀ ਸਿਖਲਾਈ ਦਿੱਤੀ ਗਈ ਹੈ। ਇਸ ਭਾਈਚਾਰਕ ਯਤਨ ਰਾਹੀਂ ਇੱਕ ਲੱਖ ਤੋਂ ਵੱਧ ਵਿਅਕਤੀਆਂ ਨੂੰ ਜੀਵਨ ਬਚਾਉਣ ਵਾਲੇ ਹੁਨਰਾਂ ਨਾਲ ਜੋੜਨ ਵਿੱਚ ਯੋਗਦਾਨ ਪਾਇਆ ਗਿਆ ਹੈ।

ਦੂਜੇ ਪੜਾਅ ਤਹਿਤ ਸਕੂਲਾਂ ਨੂੰ ਅਕਤੂਬਰ ਦੌਰਾਨ ਵਿਦਿਆਰਥੀਆਂ, ਅਧਿਆਪਕਾਂ, ਸਟਾਫ਼, ਮਾਪਿਆਂ ਅਤੇ ਪਰਿਵਾਰਕ ਮੈਂਬਰਾਂ ਲਈ ਬੀ.ਪੀ. ਜਾਂਚ ਦੀ ਸਹੂਲਤ ਦੇਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜਿੱਥੇ ਸਿਖਲਾਈ ਪ੍ਰਾਪਤ ਵਿਅਕਤੀ ਅਤੇ ਢੁਕਵੇਂ ਉਪਕਰਨ ਉਪਲਬਧ ਹੋਣ। ਵਿਦਿਆਰਥੀ ਆਪਣੇ ਮਾਪਿਆਂ, ਦਾਦਾ-ਦਾਦੀ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਆਪਣਾ ਬੀ.ਪੀ. ਜਾਣਨ ਅਤੇ ਨਿਯਮਤ ਜਾਂਚ ਕਰਵਾਉਣ ਲਈ ਪ੍ਰੇਰਿਤ ਕਰਕੇ ਇਸ ਮੁਹਿੰਮ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

ਪਹਿਲਕਦਮੀ ਤਹਿਤ ਜ਼ਿੰਮੇਵਾਰ ਸਿਹਤ ਜਾਗਰੂਕਤਾ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਬੀ.ਪੀ. ਜਾਂਚ ਸਿਖਲਾਈ ਪ੍ਰਾਪਤ ਵਿਅਕਤੀਆਂ ਵੱਲੋਂ ਢੁਕਵੇਂ ਉਪਕਰਨਾਂ ਨਾਲ ਕੀਤੀ ਜਾਣੀ ਚਾਹੀਦੀ ਹੈ। ਵਿਦਿਆਰਥੀਆਂ ਤੋਂ ਹਾਈਪਰਟੈਨਸ਼ਨ ਦਾ ਨਿਦਾਨ ਕਰਨ ਜਾਂ ਕਿਸੇ ਤਰ੍ਹਾਂ ਦਾ ਡਾਕਟਰੀ ਫੈਸਲਾ ਲੈਣ ਦੀ ਉਮੀਦ ਨਹੀਂ ਕੀਤੀ ਜਾਂਦੀ। ਜੇਕਰ ਕਿਸੇ ਵਿਅਕਤੀ ਦਾ ਬਲੱਡ ਪ੍ਰੈਸ਼ਰ ਵਾਰ-ਵਾਰ ਵੱਧ ਆਉਂਦਾ ਹੈ ਤਾਂ ਉਸ ਨੂੰ ਯੋਗ ਸਿਹਤ ਸੰਭਾਲ ਪੇਸ਼ੇਵਰ ਨਾਲ ਸਲਾਹ ਕਰਨ ਲਈ ਉਤਸ਼ਾਹਿਤ ਕੀਤਾ ਜਾਵੇਗਾ। ਵਿਦਿਆਰਥੀਆਂ ਨੂੰ ਕਿਸੇ ਵਿਅਕਤੀ ਦੀ ਨਿਰਧਾਰਤ ਦਵਾਈ ਸ਼ੁਰੂ, ਬੰਦ ਜਾਂ ਬਦਲਣ ਦੀ ਸਲਾਹ ਨਹੀਂ ਦੇਣੀ ਚਾਹੀਦੀ।

ਭਾਗ ਲੈਣ ਵਾਲੇ ਸਕੂਲਾਂ ਨੂੰ ਅਕਤੂਬਰ ਦੌਰਾਨ ਕੀਤੀਆਂ ਬੀ.ਪੀ. ਜਾਂਚਾਂ ਦਾ ਸਧਾਰਨ ਰਿਕਾਰਡ ਰੱਖਣ ਅਤੇ ਨਿਰਧਾਰਤ ਮਿਸ਼ਨ ਸਵਸਥ ਕਵਚ ਗੂਗਲ ਫਾਰਮ (https://reference-url-citation.invalid/0) ਵਿੱਚ ਵੇਰਵੇ ਦਰਜ ਕਰਨ ਲਈ ਕਿਹਾ ਗਿਆ ਹੈ। ਅਕਤੂਬਰ ਦੌਰਾਨ ਸਭ ਤੋਂ ਵੱਧ ਬੀ.ਪੀ. ਜਾਂਚਾਂ ਦਰਜ ਕਰਨ ਵਾਲੇ ਸਕੂਲ ਨੂੰ ਬਾਲ ਦਿਵਸ ਮੌਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਦਿਲ ਦੀ ਸਿਹਤ ਸਬੰਧੀ ਰਚਨਾਤਮਕ ਜਨਤਕ ਜਾਗਰੂਕਤਾ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਤਹਿਤ ਸਰਵੋਤਮ ਜਨਤਕ ਜਾਗਰੂਕਤਾ ਵੀਡੀਓ, ਸਰਵੋਤਮ ਕਲਾ/ਜਨਤਕ ਜਾਗਰੂਕਤਾ ਪੇਂਟਿੰਗ ਅਤੇ ਸਰਵੋਤਮ ਕਵਿਤਾ ਦੀਆਂ ਸ਼੍ਰੇਣੀਆਂ ਵਿੱਚ ਐਂਟਰੀਆਂ ਮੰਗੀਆਂ ਜਾਣਗੀਆਂ। ਇਨ੍ਹਾਂ ਰਾਹੀਂ ਵਿਦਿਆਰਥੀ ਬੀ.ਪੀ. ਜਾਗਰੂਕਤਾ, ਸੀ.ਪੀ.ਆਰ. ਸਿੱਖਣ ਅਤੇ ਦਿਲ ਦੀ ਸਿਹਤ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕਰ ਸਕਣਗੇ।

ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਅਤੇ ਡੀ.ਐਮ.ਸੀ.ਐਂਡ.ਐਚ. ਨੇ ਜ਼ਿਲ੍ਹੇ ਦੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਪਰਿਵਾਰਾਂ ਨੂੰ ਮਿਸ਼ਨ ਸਵਸਥ ਕਵਚ ਦੇ ਦੂਜੇ ਪੜਾਅ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਹੈ। "ਹਰ ਦਿਲ ਮਾਇਨੇ ਰੱਖਦਾ ਹੈ—ਆਓ ਬੀ.ਪੀ. ਜਾਂਚ ਨਾਲ ਸ਼ੁਰੂਆਤ ਕਰੀਏ" ਦੇ ਸੰਦੇਸ਼ ਨਾਲ ਇਸ ਮੁਹਿੰਮ ਦਾ ਉਦੇਸ਼ ਦਿਲ ਦੀ ਸਿਹਤ ਨੂੰ ਰੋਜ਼ਾਨਾ ਗੱਲਬਾਤ ਅਤੇ ਸਮੂਹਿਕ ਦੇਖਭਾਲ ਦਾ ਹਿੱਸਾ ਬਣਾਉਣਾ ਹੈ।

## ਡੇਅਰੀ ਵਿਕਾਸ ਵਿਭਾਗ ਵੱਲੋਂ ਇੱਕ ਦਿਨਾ ਦੁੱਧ ਜਾਗਰੂਕਤਾ ਕੈਂਪ ਦਾ ਆਯੋਜਨ

### ਪਸ਼ੂਆਂ ਦੀ ਸੰਤੁਲਿਤ ਖੁਰਾਕ, ਚਾਰੇ ਦੀ ਮਹੱਤਤਾ, ਪਸ਼ੂਆਂ ਦੀ ਸਹੀ ਦੇਖਭਾਲ ਬਾਰੇ ਵੀ ਦਿੱਤੀ ਜਾਣਕਾਰੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 29 ਸਤੰਬਰ : ਡੇਅਰੀ ਵਿਕਾਸ ਵਿਭਾਗ ਦੇ ਡਿਪਟੀ ਡਾਇਰੈਕਟਰ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਦੁੱਧ ਜਾਗਰੂਕਤਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਜਿਸਦੇ ਤਹਿਤ ਪਿੰਡ ਰਤੀਪੁਰ, ਬਲਾਕ ਮਾਛੀਵਾੜਾ ਸਾਹਿਬ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।

ਡੇਅਰੀ ਵਿਕਾਸ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਅੱਜ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।

ਇਸ ਮੌਕੇ ਪਸ਼ੂਆਂ ਦੀ ਸੰਤੁਲਿਤ ਖੁਰਾਕ, ਚਾਰੇ ਦੀ ਮਹੱਤਤਾ, ਪਸ਼ੂਆਂ ਦੀ ਸਹੀ ਦੇਖਭਾਲ ਅਤੇ ਪ੍ਰਬੰਧਨ ਤੋਂ ਇਲਾਵਾ ਡੇਅਰੀ ਕਰਜ਼ਾ ਕੇਸਾਂ ਸਬੰਧੀ ਵੀ ਡੇਅਰੀ ਫਾਰਮਰਾਂ ਨੂੰ ਵਿਸਥਾਰਪੂਰਵਕ ਜਾਗਰੂਕ ਕੀਤਾ ਗਿਆ। ਵਿਭਾਗ ਵੱਲੋਂ ਦੁੱਧ ਉਤਪਾਦਕਾਂ ਨੂੰ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਧੁਨਿਕ ਤਰੀਕਿਆਂ ਨਾਲ ਡੇਅਰੀ ਫਾਰਮਿੰਗ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਕੈਂਪ ਦੌਰਾਨ ਰਿਟਾਇਰਡ ਚੀਫ਼ ਐਗਰੀਕਲਚਰ ਅਫਸਰ ਡਾ. ਬਲਦੇਵ ਸਿੰਘ, ਆਡਵਨਟਾ ਕੰਪਨੀ ਵੱਲੋਂ ਰਾਸ਼ਿਦ, ਡੇਅਰੀ ਵਿਕਾਸ ਇੰਸਪੈਕਟਰ ਅਗਮਪ੍ਰੀਤ ਕੌਰ ਅਤੇ ਸੁਖਵਿੰਦਰ ਸਿੰਘ ਵੱਲੋਂ ਦੁੱਧ ਉਤਪਾਦਕਾਂ ਨੂੰ ਡੇਅਰੀ ਵਿਕਾਸ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ ਗਈ।

## ਪ੍ਰੋ. ਗੁਰਮੁਖ ਸਿੰਘ ਦੀ 128ਵੀਂ ਬਰਸੀ ਮੌਕੇ ਸਿੰਘ ਸਭਾ ਲਹਿਰ ਦੀ ਵਿਰਾਸਤ ਨੂੰ ਕੀਤਾ ਯਾਦ

### ਸਿੱਖ ਸਮਾਜ ਨੂੰ ਵਿੱਦਿਆ, ਵਿਚਾਰ ਅਤੇ ਬੌਧਿਕ ਚੇਤਨਾ ਨਾਲ ਜੋੜਨ ਦਾ ਸੱਦਾ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਸਰੀ 29 ਸਤੰਬਰ :ਸਿੰਘ ਸਭਾ ਲਹਿਰ ਦੇ ਮੋਢੀ ਆਗੂ, ਉੱਘੇ ਵਿਦਵਾਨ ਅਤੇ ਸਿੱਖ ਚਿੰਤਕ ਪ੍ਰੋ. ਗੁਰਮੁਖ ਸਿੰਘ ਦੀ 128ਵੀਂ ਬਰਸੀ ਨੂੰ ਸਮਰਪਿਤ ਇੱਕ ਵਿਸ਼ਾਲ ਯਾਦਗਾਰੀ ਸਮਾਗਮ ਗਿਆਨੀ ਦਿੱਤ ਸਿੰਘ ਸਾਹਿਤ ਸਭਾ, ਕੈਨੇਡਾ ਵੱਲੋਂ ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ, ਸਰੀ ਵਿਖੇ ਕਰਵਾਇਆ ਗਿਆ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਹੋਏ ਇਸ ਸਮਾਗਮ ਵਿੱਚ ਸਿੰਘ ਸਭਾ ਲਹਿਰ ਨਾਲ ਜੁੜੇ ਮਹਾਨ ਵਿਦਵਾਨਾਂ ਦੀ ਵਿਚਾਰਧਾਰਾ, ਸਿੱਖਿਆ ਅਤੇ ਸਮਾਜਿਕ ਚੇਤਨਾ ਲਈ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਕਰਦਿਆਂ ਲੇਖਕ ਗੁਰਪ੍ਰੀਤ ਸਿੰਘ ਤਲਵੰਡੀ ਨੇ ਗਿਆਨੀ ਦਿੱਤ ਸਿੰਘ ਸਾਹਿਤ ਸਭਾ, ਕੈਨੇਡਾ ਦੇ ਉਦੇਸ਼ਾਂ ਅਤੇ ਸਰਗਰਮੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਿੰਘ ਸਭਾ ਲਹਿਰ ਨਾਲ ਜੁੜੇ ਅਨੇਕਾਂ ਯੋਧਿਆਂ ਅਤੇ ਵਿਦਵਾਨਾਂ ਦੀ ਸੋਚ ਸਮੇਂ ਦੇ ਗੁਜ਼ਰਨ ਨਾਲ ਅਣਗੌਲੀ ਰਹੀ ਹੈ, ਜਦਕਿ ਉਨ੍ਹਾਂ ਦੇ ਸੁਪਨਿਆਂ ਅਤੇ ਸਿੱਖੀ ਪ੍ਰਤੀ ਤੜਪ ਨੂੰ ਸਮਝਦਿਆਂ ਅੱਜ ਸਿੰਘ ਸਭਾ ਲਹਿਰ ਦੀ ਵਿਚਾਰਧਾਰਾ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦੀ ਲੋੜ ਹੈ।

ਵਿਦਵਾਨ ਲੇਖਕ ਅਤੇ ਪੰਜਾਬੀ ਪ੍ਰੈੱਸ ਕਲੱਬ ਆਫ ਬੀ.ਸੀ. ਦੇ ਪ੍ਰਧਾਨ ਡਾ. ਗੁਰਵਿੰਦਰ ਸਿੰਘ ਨੇ ਪ੍ਰੋ. ਗੁਰਮੁਖ ਸਿੰਘ ਦੀ ਇਤਿਹਾਸਕ ਦੇਣ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਕਿਹਾ ਕਿ ਸਿੰਘ ਸਭਾ ਸੰਸਥਾ ਦੀ ਮਜ਼ਬੂਤੀ, ਪੰਜਾਬੀ ਪ੍ਰੈੱਸ ਦੇ ਵਿਕਾਸ ਅਤੇ ਖਾਲਸਾ ਕਾਲਜ ਅੰਮ੍ਰਿਤਸਰ ਵਰਗੀਆਂ ਵਿਦਿਅਕ ਸੰਸਥਾਵਾਂ ਦੀ ਸਥਾਪਨਾ ਵਿੱਚ ਪ੍ਰੋ. ਗੁਰਮੁਖ ਸਿੰਘ ਦੀ ਮਹੱਤਵਪੂਰਨ ਭੂਮਿਕਾ ਰਹੀ। ਉਨ੍ਹਾਂ ਕਿਹਾ ਕਿ ਵਿਰੋਧ ਅਤੇ ਅਖੌਤੀ ਧਾਰਮਿਕ ਫ਼ੁਰਮਾਨਾਂ ਦੇ ਬਾਵਜੂਦ ਉਨ੍ਹਾਂ ਨੇ ਆਪਣੀ ਵਿਚਾਰਧਾਰਕ ਯਾਤਰਾ ਨੂੰ ਜਾਰੀ ਰੱਖਿਆ।

ਡਾ. ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪ੍ਰੋ. ਗੁਰਮੁਖ ਸਿੰਘ ਨੇ ਗਿਆਨੀ ਦਿੱਤ ਸਿੰਘ ਅਤੇ ਹੋਰ ਸੂਝਵਾਨ ਸਾਥੀਆਂ ਨਾਲ ਮਿਲ ਕੇ ਪੰਜਾਬੀ ਪੱਤਰਕਾਰੀ ਦੇ ਵਿਕਾਸ ਲਈ ਅਹਿਮ ਉਪਰਾਲੇ ਕੀਤੇ। ਖਾਲਸਾ ਪ੍ਰੈੱਸ ਦੀ ਸਥਾਪਨਾ ਅਤੇ 'ਗੁਰਮੁਖੀ ਅਖ਼ਬਾਰ', 'ਖਾਲਸਾ ਅਖ਼ਬਾਰ', 'ਸੁਧਾਰਕ' ਅਤੇ 'ਵਿਦਿਆਰਥਕ' ਵਰਗੇ ਪ੍ਰਕਾਸ਼ਨਾਂ ਰਾਹੀਂ ਪੰਜਾਬੀ ਭਾਸ਼ਾ ਅਤੇ ਪੱਤਰਕਾਰੀ ਨੂੰ ਨਵੀਂ ਦਿਸ਼ਾ ਮਿਲੀ। ਉਨ੍ਹਾਂ ਕਿਹਾ ਕਿ ਪ੍ਰੋ. ਗੁਰਮੁਖ ਸਿੰਘ ਦੀ ਵਿਰਾਸਤ ਅੱਜ ਵੀ ਸਿੱਖ ਸਮਾਜ ਨੂੰ ਬੌਧਿਕ ਤੌਰ 'ਤੇ ਚੇਤੰਨ ਹੋਣ ਅਤੇ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਚੁਣੌਤੀਆਂ ਨੂੰ ਵਿਚਾਰ ਅਤੇ ਗਿਆਨ ਦੇ ਆਧਾਰ 'ਤੇ ਸਮਝਣ ਦੀ ਪ੍ਰੇਰਣਾ ਦਿੰਦੀ ਹੈ।

ਉੱਘੇ ਪੱਤਰਕਾਰ ਜੋਗਿੰਦਰ ਸਿੰਘ ਨੇ ਪ੍ਰੋ. ਗੁਰਮੁਖ ਸਿੰਘ ਵੱਲੋਂ ਪੰਜਾਬੀ ਪੱਤਰਕਾਰੀ ਦੇ ਆਰੰਭ ਅਤੇ ਇਸ ਦੇ ਵਿਕਾਸ ਵਿੱਚ ਪਾਏ ਯੋਗਦਾਨ ਨੂੰ ਇਤਿਹਾਸਕ ਮੀਲ ਪੱਥਰ ਦੱਸਿਆ। ਉਨ੍ਹਾਂ ਕਿਹਾ ਕਿ ਪੰਜਾਬੀ ਪੱਤਰਕਾਰੀ ਦੀਆਂ ਮੁੱਢਲੀਆਂ ਨੀਂਹਾਂ ਰੱਖਣ ਵਾਲੀਆਂ ਸ਼ਖ਼ਸੀਅਤਾਂ ਦੇ ਯੋਗਦਾਨ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਅਤੇ ਸਿੱਖ ਚਿੰਤਕ ਗਿਆਨੀ ਮਹਿੰਦਰ ਸਿੰਘ 'ਮਹਿਸਮਪੁਰ' ਨੇ ਪ੍ਰੋ. ਗੁਰਮੁਖ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਵਿਦਿਅਕ ਕੇਂਦਰ ਮਸਤੂਆਣਾ ਦੇ ਸੰਤ ਅਤਰ ਸਿੰਘ ਜੀ ਅਤੇ ਪ੍ਰੋ. ਸੰਤ ਤੇਜਾ ਸਿੰਘ ਵੱਲੋਂ ਸਿੱਖ ਸਮਾਜ ਨੂੰ ਵਿੱਦਿਆ ਨਾਲ ਜੋੜਨ ਲਈ ਕੀਤੇ ਉਪਰਾਲਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਦੀਆਂ ਅਜਿਹੀਆਂ ਪ੍ਰੇਰਨਾਦਾਇਕ ਸ਼ਖ਼ਸੀਅਤਾਂ ਦੀ ਸੋਚ ਨੂੰ ਯਾਦ ਕਰਨਾ ਹੀ ਨਹੀਂ, ਸਗੋਂ ਉਸ ਨੂੰ ਅਮਲ ਵਿੱਚ ਲਿਆਉਣਾ ਵੀ ਜ਼ਰੂਰੀ ਹੈ।

ਵਿਸ਼ਵ ਸਿੱਖ ਸੰਸਥਾ ਦੇ ਬਾਨੀ ਪ੍ਰਧਾਨ ਅਤੇ ਗੁਰੂ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼ ਦੇ ਸੰਸਥਾਪਕ ਸ. ਗਿਆਨ ਸਿੰਘ ਸੰਧੂ ਨੇ ਪ੍ਰੋ. ਗੁਰਮੁਖ ਸਿੰਘ ਦੀ ਵਿਚਾਰਧਾਰਾ ਦੇ ਹਵਾਲੇ ਨਾਲ ਵਿੱਦਿਆ ਦੇ ਪਾਸਾਰ ਅਤੇ ਗਿਆਨ ਦੀ ਰੌਸ਼ਨੀ ਨੂੰ ਘਰ-ਘਰ ਪਹੁੰਚਾਉਣ 'ਤੇ ਜ਼ੋਰ ਦਿੱਤਾ। ਸਮਾਗਮ ਦੌਰਾਨ ਡਾ. ਪ੍ਰਗਟ ਸਿੰਘ ਭੁਰਜੀ, ਸ਼੍ਰੋਮਣੀ ਕਮੇਟੀ ਮੈਂਬਰ ਮਿੱਠੂ ਸਿੰਘ 'ਕਾਹਨੇ ਕੇ' ਦੀ ਸਪੁੱਤਰੀ ਬੀਬੀ ਹਰਮਨਦੀਪ ਕੌਰ ਅਤੇ ਸੰਨ 1942 ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਰਹੇ ਮਰਹੂਮ ਭਾਈ ਲਾਲ ਸਿੰਘ ਬਾਂਡੀਵਾਲਾ ਦੇ ਪੋਤਰੇ ਕੁਲਮੋਹਣ ਸਿੰਘ ਬਾਂਡੀਵਾਲਾ ਸਮੇਤ ਹੋਰਨਾਂ ਬੁਲਾਰਿਆਂ ਨੇ ਵੀ ਵਿਚਾਰ ਸਾਂਝੇ ਕੀਤੇ। ਬੁਲਾਰਿਆਂ ਨੇ ਸਿੰਘ ਸਭਾ ਲਹਿਰ ਨਾਲ ਸਬੰਧਤ ਅਣਗੌਲੀਆਂ ਪਰ ਮਹੱਤਵਪੂਰਨ ਸ਼ਖ਼ਸੀਅਤਾਂ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਯੋਗਦਾਨ ਤੋਂ ਜਾਣੂ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

ਸਮਾਗਮ ਵਿੱਚ ਪੱਤਰਕਾਰ ਗੁਰਸੇਵ ਸਿੰਘ ਪੰਧੇਰ, ਭਾਈ ਬੋਹੜ ਸਿੰਘ ਗਿੱਲ ਕਾਹਨੇ ਕੇ ਤੋਂ ਇਲਾਵਾ ਕੰਦੋਲਾ ਨਗਰ ਦੇ ਵਸਨੀਕਾਂ ਅਤੇ ਸਿੱਖ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਅੰਤ ਵਿੱਚ ਭਾਈ ਮਹਿੰਦਰ ਸਿੰਘ ਨੇ ਸਮੂਹ ਸੰਗਤ, ਬੁਲਾਰਿਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਅਤੇ ਪ੍ਰੋ. ਗੁਰਮੁਖ ਸਿੰਘ ਦੀ ਯਾਦ ਨੂੰ ਸਮਰਪਿਤ ਇਹ ਸਮਾਗਮ ਹਰ ਸਾਲ ਕਰਵਾਉਣ ਦਾ ਅਹਿਦ ਲਿਆ।

## ਭਾਦਸੋਂ ਵਿਖੇ 'ਸਵੱਛਤਾ ਹੀ ਸੇਵਾ' ਤਹਿਤ ਬੱਚਿਆਂ ਨੂੰ ਕੀਤਾ ਜਾਗਰੂਕ

ਵਰਲਡ ਪੰਜਾਬੀ ਟਾਈਮਜ਼




ਭਾਦਸੋਂ, 29 ਸਤੰਬਰ : ਪੀ.ਐੱਮ.ਆਈ.ਡੀ.ਸੀ. ਦੇ ਹੁਕਮਾਂ ਅਨੁਸਾਰ ਚਲਾਈ ਜਾ ਰਹੀ ਮੁਹਿੰਮ 'ਸਵੱਛਤਾ ਹੀ ਸੇਵਾ' ਤਹਿਤ ਅੱਜ ਨਗਰ ਪੰਚਾਇਤ ਭਾਦਸੋਂ ਵੱਲੋਂ ਯੰਗ ਫਾਰਮਰ ਸਕੂਲ ਭਾਦਸੋਂ ਵਿਖੇ 'ਕਬਾੜ ਸੇ ਕਲਾ' ਮੁਕਾਬਲਾ ਕਰਵਾਇਆ ਗਿਆ। ਇਹ ਮੁਕਾਬਲਾ ਸਕੂਲ ਦੀ ਪ੍ਰਿੰਸੀਪਲ ਮਨਦੀਪ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ।

ਮੁਕਾਬਲੇ ਦੌਰਾਨ ਸਕੂਲ ਦੇ ਬੱਚਿਆਂ ਵੱਲੋਂ ਵੇਸਟ ਮਟੀਰੀਅਲ ਦੀ ਵਰਤੋਂ ਕਰਕੇ ਵੱਖ-ਵੱਖ ਸੁੰਦਰ ਅਤੇ ਰਚਨਾਤਮਕ ਮਾਡਲ ਤਿਆਰ ਕੀਤੇ ਗਏ। ਵਧੀਆ ਮਾਡਲ ਤਿਆਰ ਕਰਨ ਵਾਲੇ ਬੱਚਿਆਂ ਨੂੰ ਨਗਰ ਪੰਚਾਇਤ ਭਾਦਸੋਂ ਦੀ ਟੀਮ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬੱਚਿਆਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ, ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਤੋਂ ਬਚਣ ਅਤੇ ਸ਼ਹਿਰ ਨੂੰ ਪਲਾਸਟਿਕ ਮੁਕਤ ਬਣਾਉਣ ਸਬੰਧੀ ਜਾਗਰੂਕ ਕੀਤਾ ਗਿਆ। ਇਸ ਦੇ ਨਾਲ ਹੀ ਬੱਚਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਨਗਰ ਪੰਚਾਇਤ ਭਾਦਸੋਂ ਦੀ ਟੀਮ ਵਿੱਚ ਕਾਰਜਕਾਰੀ ਅਧਿਕਾਰੀ ਬੂਟਾ ਸਿੰਘ, ਮੈਂਬਰ ਸੀ.ਐੱਫ. ਮਨਦੀਪ ਕੌਰ, ਮੋਟੀਵੇਟਰ ਅਮਨਦੀਪ ਕੌਰ, ਕਰਮਜੀਤ ਕੌਰ, ਰਾਜਕੁਮਾਰ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।